# ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times    26 ਅਕਤੂਬਰ 2026 ਦਿਨ ਸੋਮਵਾਰ    ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਭਗਵਾਨ ਵਾਲਮੀਕਿ ਜੀ ਵੱਲੋਂ ਮਾਨਵਤਾ ਦੀ ਭਲਾਈ ਲਈ ਵਿਖਾਏ ਰਸਤੇ 'ਤੇ ਚੱਲਣਾ ਚਾਹੀਦਾ ਹੈ: ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ

### *ਕੈਬਨਿਟ ਮੰਤਰੀ ਮੁੰਡੀਆਂ ਭਗਵਾਨ ਵਾਲਮੀਕਿ ਜੈਅੰਤੀ ਮੌਕੇ ਲੁਧਿਆਣਾ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਹੋਏ ਸ਼ਾਮਲ*

### *ਭਗਵਾਨ ਵਾਲਮੀਕਿ ਜੀ ਨੇ ਸਮੁੱਚੀ ਮਾਨਵਤਾ ਨੂੰ ਸ਼ਾਂਤੀ, ਭਾਈਚਾਰਕ ਸਾਂਝ ਅਤੇ ਨੈਤਿਕ ਕਦਰਾਂ-ਕੀਮਤਾਂ ਦਾ ਸੰਦੇਸ਼ ਦਿੱਤਾ: ਮੁੰਡੀਆਂ*

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ, 26 ਅਕਤੂਬਰ : ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਨੇ ਭਗਵਾਨ ਵਾਲਮੀਕਿ ਜੀ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮਾਨਵਤਾ ਦੀ ਭਲਾਈ, ਨੈਤਿਕ ਕਦਰਾਂ-ਕੀਮਤਾਂ ਅਤੇ ਆਪਸੀ ਭਾਈਚਾਰਕ ਸਾਂਝ ਲਈ ਭਗਵਾਨ ਵਾਲਮੀਕਿ ਜੀ ਵੱਲੋਂ ਵਿਖਾਏ ਮਾਰਗ 'ਤੇ ਚੱਲਣ, ਤਾਂ ਜੋ ਅਜਿਹੇ ਨਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ, ਜਿੱਥੇ ਹਰ ਵਿਅਕਤੀ ਨੂੰ ਤਰੱਕੀ ਕਰਨ ਦੇ ਬਰਾਬਰ ਮੌਕੇ ਮਿਲਣ।

ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਐਤਵਾਰ ਨੂੰ ਸਥਾਨਕ ਦਰੇਸੀ ਗਰਾਊਂਡ ਵਿਖੇ ਭਗਵਾਨ ਵਾਲਮੀਕ ਜੀ ਦੇ ਪ੍ਰਗਟ ਦਿਵਸ ਸਬੰਧੀ ਕਰਵਾਏ ਗਏ ਰਾਜ ਪੱਧਰੀ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਇਕ ਸ੍ਰੀ ਮਦਨ ਲਾਲ ਬੱਗਾ, ਵਿਧਾਇਕ ਸ੍ਰੀ ਅਸ਼ੋਕ ਪਰਾਸ਼ਰ ਪੱਪੀ, ਵਿਧਾਇਕ ਕੁਲਵੰਤ ਸਿੰਘ ਸਿੱਧੂ, ਸੀਨੀਅਰ ਡਿਪਟੀ ਮੇਅਰ ਰਕੇਸ਼ ਪਰਾਸ਼ਰ, ਪੰਜਾਬ ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਸ੍ਰੀ ਵਿਜੇ ਦਾਨਵ ਅਤੇ ਵਾਲਮੀਕਿ ਸਮਾਜ ਨਾਲ ਸਬੰਧਤ ਹੋਰ ਆਗੂ ਵੀ ਮੌਜੂਦ ਸਨ।

ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਮੁੰਡੀਆਂ ਨੇ ਸਮੂਹ ਪੰਜਾਬ ਵਾਸੀਆਂ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਇੱਕ ਮਹਾਨ ਵਿਦਵਾਨ ਅਤੇ ਆਦਿ ਕਵੀ ਸਨ, ਜਿਨ੍ਹਾਂ ਨੇ ਪਵਿੱਤਰ ਧਾਰਮਿਕ ਗ੍ਰੰਥ ਰਮਾਇਣ ਦੀ ਰਚਨਾ ਕਰਕੇ ਸਮੁੱਚੀ ਮਾਨਵਤਾ ਨੂੰ ਸੱਚਾਈ, ਨਿਆਂ, ਸਦਾਚਾਰ ਅਤੇ ਉੱਚੇ ਜੀਵਨ ਮੁੱਲਾਂ ਦਾ ਸੰਦੇਸ਼ ਦਿੱਤਾ। ਰਮਾਇਣ ਸਦੀਆਂ ਤੋਂ ਲੋਕਾਂ ਨੂੰ ਨੈਤਿਕਤਾ, ਪਰਿਵਾਰਕ ਜ਼ਿੰਮੇਵਾਰੀਆਂ ਅਤੇ ਸਮਾਜਿਕ ਸਦਭਾਵਨਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੀ ਆ ਰਹੀ ਹੈ।

ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਾਨੂੰ ਅਨਿਆਂ ਅਤੇ ਜ਼ੁਲਮ ਵਿਰੁੱਧ ਆਵਾਜ਼ ਬੁਲੰਦ ਕਰਨ, ਸਮਾਜਿਕ ਕੁਰੀਤੀਆਂ ਦਾ ਖਾਤਮਾ ਕਰਨ ਅਤੇ ਹਰ ਮਨੁੱਖ ਨਾਲ ਬਰਾਬਰੀ ਤੇ ਸਤਿਕਾਰ ਵਾਲਾ ਵਿਹਾਰ ਕਰਨ ਦੀ ਪ੍ਰੇਰਨਾ ਦਿੰਦੀਆਂ ਹਨ। ਉਨ੍ਹਾਂ ਦੀ ਵਿਚਾਰਧਾਰਾ ਆਪਸੀ ਪਿਆਰ, ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।

ਸ੍ਰੀ ਮੁੰਡੀਆਂ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਕਿਸੇ ਇੱਕ ਵਰਗ ਤੱਕ ਸੀਮਤ ਨਹੀਂ, ਸਗੋਂ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਕਿਹਾ ਕਿ ਸਾਨੂੰ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਸਮਾਜ ਵਿੱਚ ਬਰਾਬਰੀ, ਸਦਭਾਵਨਾ ਅਤੇ ਆਪਸੀ ਸਤਿਕਾਰ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ।

ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਧਰਮ ਦਾ ਬਰਾਬਰ ਸਤਿਕਾਰ ਕਰਦੀ ਹੈ। ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਦੀ ਸ਼ੁਰੂਆਤ ਕਰਕੇ ਬਜ਼ੁਰਗਾਂ ਨੂੰ ਵੱਖ-ਵੱਖ ਤੀਰਥਾਂ ਦੇ ਦਰਸ਼ਨ ਕਰਨ ਦਾ ਮੌਕਾ ਦਿੱਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਸਥਿਤ ਭਗਵਾਨ ਵਾਲਮੀਕਿ ਤੀਰਥ ਸਥਲ ਦਾ ਕਰੋੜਾਂ ਰੁਪਏ ਨਾਲ ਸੁੰਦਰੀਕਰਨ ਕਰਵਾਇਆ ਜਾ ਰਿਹਾ ਹੈ।

ਵਿਧਾਇਕ ਮਦਨ ਲਾਲ ਬੱਗਾ ਨੇ ਕਿਹਾ ਕਿ ਭਗਵਾਨ ਵਾਲਮੀਕਿ ਮਹਾਰਾਜ ਜੀ ਦੀਆਂ ਸਿੱਖਿਆਵਾਂ ਸਮਾਜ ਵਿੱਚ ਬਰਾਬਰੀ, ਭਾਈਚਾਰੇ ਅਤੇ ਆਪਸੀ ਸਤਿਕਾਰ ਦੀ ਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਭਗਵਾਨ ਵਾਲਮੀਕਿ ਮਹਾਰਾਜ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਦੇ ਹੋਏ ਸਮਾਜ ਦੀ ਬਿਹਤਰੀ ਅਤੇ ਮਨੁੱਖਤਾ ਦੀ ਸੇਵਾ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ।

ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਲੋਕਾਂ ਨੂੰ ਭਗਵਾਨ ਵਾਲਮੀਕਿ ਜੀ ਵੱਲੋਂ ਦਿੱਤੇ ਮਹਾਨ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਆਪਸੀ ਸਾਂਝ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਸਮੁੱਚੀ ਮਾਨਵਤਾ ਲਈ ਚਾਨਣ ਮੁਨਾਰਾ ਹਨ, ਜੋ ਸਾਨੂੰ ਮਨੁੱਖਤਾ ਦਾ ਸਤਿਕਾਰ ਕਰਨ, ਸੱਚ ਦੇ ਮਾਰਗ 'ਤੇ ਚੱਲਣ ਅਤੇ ਸਮਾਜ ਦੀ ਭਲਾਈ ਦਾ ਸੰਦੇਸ਼ ਦਿੰਦੀਆਂ ਹਨ।

ਸੰਗਤ ਨੂੰ ਸੰਬੋਧਨ ਕਰਦਿਆਂ ਵਿਜੇ ਦਾਨਵ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਨੂੰ ਸਾਡੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦੇ ਹਨ। ਖਾਸ ਕਰ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਇਤਿਹਾਸ ਅਤੇ ਧਾਰਮਿਕ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸ਼ੋਭਾ ਯਾਤਰਾ ਵਿੱਚ ਧਾਰਮਿਕ ਸੰਤਗਣ ਸਾਹਿਬਾਨ ਅਤੇ ਧਾਰਮਿਕ ਆਗੂ ਜਿਨ੍ਹਾਂ ਵਿੱਚੋਂ ਮਾਤਾ ਉਸ਼ਾਮਤੀ ਦਾਵਿਤ, ਸ੍ਰੀ ਰਾਜੇਸ਼ ਢਾਂਡਾ ਜੀ, ਸ੍ਰੀ ਹਿਮਾਂਸ਼ੂ ਕਵਾਤਰਾ ਜੀ, ਮੁਹਮਦ ਉਸਮਾਨ ਲੁਧਿਆਨਵੀ ਜੀ, ਸ੍ਰੀ ਰਵਿੰਦਰ ਬਾਬਾ ਜੀ, ਸ੍ਰੀ ਬੰਟੀ ਬਾਬਾ ਜੀ, ਸ੍ਰੀ ਰਾਜੇਸ਼ ਰੁਦਰਾ ਜੀ, ਬਾਬਾ ਵਿਪਨਪ੍ਰੀਤ ਕੌਰ ਜੀ, ਪੰਡਿਤ ਅਜੈ ਵਸ਼ਿਸ਼ਟ ਜੀ, ਮਹੰਤ ਪ੍ਰਵੀਨ ਚੌਧਰੀ ਜੀ, ਸ੍ਰੀ ਸ੍ਰੀ 1008 ਮਹਾ-ਮੰਡਲੇਸ਼ਵਰ ਮਾਈ ਭੋਲੀਨੰਦ ਗਿਰਿ ਜੀ, ਬਾਬਾ ਕੁਲਵੰਤ ਭੱਲਾ ਜੀ, ਸ੍ਰੀ ਆਨੰਦ ਅੰਤਰੀ ਜੀ, ਬਾਬਾ ਵੀਬਾ ਸ਼ਾਹ ਜੀ, ਭਾਈ ਦਵਿੰਦਰ ਸੂਦ ਜੀ, ਸ੍ਰੀ ਆਨੰਦ ਕਿਸ਼ੋਰ ਜੀ, ਧਰਮੱਗਿਆ ਅਸ਼ੋਕ ਦੈਤਯ ਜੀ, ਵੀਰਸ੍ਰੇਸ਼ਠ ਸ਼ਤਿਲ ਆਦਿਵੰਸ਼ੀ ਜੀ, ਸ੍ਰੀ ਬਿੱਟੂ ਸਾਈਂ ਜੀ, ਪਾਸਟਰ ਆਲੀਸ਼ਾ ਮਸੀਹ ਜੀ, ਵੀ ਹਾਜ਼ਰ ਸਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਚੌਧਰੀ ਯਸ਼ਪਾਲ, ਅਕਸ਼ੇ ਰਾਜ, ਦੇਵਰਾਜ ਅਸੁਰ, ਸੰਜੇ ਦਿਸਾਵਰ, ਰੋਹਿਤ ਸਹੋਤਾ, ਵੀਰਸ੍ਰੇਸ਼ਠ ਵਿਮਲ ਭੱਟੀ, ਸੁਆਮੀ ਅਸ਼ਵਨੀ ਭੀਲ, ਕਨੋਜ ਦਾਨਵ, ਲਵ ਦ੍ਰਾਵਿੜ, ਸੁਧੀਰ ਧਾਲੀਵਾਲ, ਦੀਪੂ ਘਈ, ਸ਼ਾਮ ਬੋਹਤ, ਕਿਸ਼ਨਪਾਲ ਬੇਦੀ, ਮਹਿਕ ਸਿੰਘ ਚੌਹਾਨ, ਸੁਰਿੰਦਰ ਸੋਦਾਈ, ਅਜੇ ਬਿਰਲਾ ਅਤੇ ਹੋਰ ਮੋਹਤਵਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਰਧਾਲੂ ਵੀ ਮੌਜੂਦ ਸਨ।

## ਵਿਧਾਇਕ ਛੀਨਾ ਵੱਲੋਂ ਵਾਰਡ ਨੰਬਰ 32 ਦੇ ਪਿੰਡ ਕੰਗਣਵਾਲ 'ਚ ਨਵੇਂ ਮੁਹੱਲਾ ਕਲੀਨਿਕ ਦਾ ਉਦਘਾਟਨ

### *-ਕਿਹਾ! ਲੋਕਾਂ ਨੂੰ ਘਰ ਦੇ ਨੇੜੇ ਮਿਲੇਗਾ ਮੁਫ਼ਤ ਇਲਾਜ*

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ, 26 ਅਕਤੂਬਰ : ਹਲਕਾ ਲੁਧਿਆਣਾ ਦੱਖਣੀ ਦੇ ਵਾਰਡ ਨੰਬਰ 32 ਦੇ ਪਿੰਡ ਕੰਗਣਵਾਲ ਵਿਖੇ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਨਵੇਂ ਮੁਹੱਲਾ ਕਲੀਨਿਕ ਦਾ ਉਦਘਾਟਨ ਕਰਕੇ ਲੋਕ ਅਰਪਿਤ ਕੀਤਾ ਗਿਆ।

ਵਿਧਾਇਕ ਛੀਨਾ ਨੇ ਕਿਹਾ ਕਿ ਇਸ ਮੁਹੱਲਾ ਕਲੀਨਿਕ ਦੇ ਸ਼ੁਰੂ ਹੋਣ ਨਾਲ ਇਲਾਕਾ ਨਿਵਾਸੀਆਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਮੁੱਢਲੀਆਂ ਸਿਹਤ ਸੇਵਾਵਾਂ ਅਤੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ।

ਵਿਧਾਇਕਾ ਰਾਜਿੰਦਰਪਾਲ ਕੌਰ ਛੀਨਾ ਨੇ ਕਿਹਾ ਕਿ ਆਮ ਲੋਕਾਂ ਤੱਕ ਸਿਹਤ ਸਹੂਲਤਾਂ ਪਹੁੰਚਾਉਣਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਮੁਹੱਲਾ ਕਲੀਨਿਕਾਂ ਰਾਹੀਂ ਲੋਕਾਂ ਨੂੰ ਆਮ ਬਿਮਾਰੀਆਂ ਦੇ ਇਲਾਜ ਲਈ ਦੂਰ-ਦੁਰਾਡੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ ਅਤੇ ਉਨ੍ਹਾਂ ਦੇ ਸਮੇਂ ਤੇ ਆਉਣ-ਜਾਣ ਦੇ ਖਰਚੇ ਦੀ ਬਚਤ ਹੋਵੇਗੀ।

ਉਨ੍ਹਾਂ ਕਿਹਾ ਕਿ ਮੁਹੱਲਾ ਕਲੀਨਿਕ ਨਾਲ ਇਲਾਕਾ ਨਿਵਾਸੀਆਂ ਨੂੰ ਮੁਫ਼ਤ ਮੁੱਢਲਾ ਇਲਾਜ, ਆਮ ਬਿਮਾਰੀਆਂ ਦੀ ਜਾਂਚ ਅਤੇ ਇਲਾਜ ਦੀ ਸਹੂਲਤ, ਡਾਕਟਰੀ ਸਲਾਹ, ਸਿਹਤ ਸਮੱਸਿਆਵਾਂ ਸਬੰਧੀ ਮਾਹਰ ਡਾਕਟਰ ਤੋਂ ਸਲਾਹ, ਦਵਾਈਆਂ ਅਤੇ ਲੈਬ ਟੈਸਟ ਸਰਕਾਰ ਵੱਲੋਂ ਨਿਰਧਾਰਤ ਸੇਵਾਵਾਂ ਅਤੇ ਟੈਸਟਾਂ ਦੀ ਸਹੂਲਤ ਦਿੱਤੀ ਜਾਵੇਗੀ।

## *ਵਿਗਿਆਨਕ ਸੋਚ ਦੇ ਪਸਾਰੇ ਲਈ ਤਰਕਸ਼ੀਲ ਸੁਸਾਇਟੀ ਯਤਨਸ਼ੀਲ – ਸੁਰਿੰਦਰ ਪਾਲ

ਵਰਲਡ ਪੰਜਾਬੀ ਟਾਈਮਜ਼
ਮਾਸਟਰ ਪਰਮਵੇਦ





ਸੰਗਰੂਰ, 26 ਅਕਤੂਬਰ : ਤਰਕਸ਼ੀਲ ਸੁਸਾਇਟੀ ਪੰਜਾਬ, ਇਕਾਈ ਸੰਗਰੂਰ ਦੀ ਅਹਿਮ ਮੀਟਿੰਗ ਅੱਜ ਸੰਗਰੂਰ ਵਿਖੇ ਇਕਾਈ ਮੁਖੀ ਸੁਰਿੰਦਰ ਪਾਲ ਦੀ ਪ੍ਰਧਾਨਗੀ ਵਿੱਚ ਅਤੇ ਜ਼ੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਦੀ ਨਿਗਰਾਨੀ ਵਿੱਚ ਹੋਈ।

ਮੀਟਿੰਗ ਦੀ ਕਾਰਵਾਈ ਪ੍ਰੈੱਸ ਨਾਲ ਸਾਂਝੀ ਕਰਦਿਆਂ ਜ਼ੋਨ ਮੀਡੀਆ ਮੁਖੀ ਸੀਤਾ ਰਾਮ ਬਾਲਦ ਕਲਾਂ ਅਤੇ ਗੁਰਦੀਪ ਸਿੰਘ ਲਹਿਰਾ ਨੇ ਦੱਸਿਆ ਕਿ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਹਾੜਾ ਨਵੰਬਰ ਮਹੀਨੇ ਵਿੱਚ ਮਨਾਇਆ ਜਾਵੇਗਾ ਅਤੇ ਇਸੇ ਮਹੀਨੇ ਪਰਿਵਾਰਕ ਮਿਲਣੀ ਵੀ ਕੀਤੀ ਜਾਵੇਗੀ।

ਇਹ ਵੀ ਫੈਸਲਾ ਕੀਤਾ ਗਿਆ ਕਿ ਲੋਕਾਂ ਨੂੰ ਬੀਮਾਰੀਆਂ ਦੇ ਇਲਾਜ ਬਾਰੇ ਜੁੜੀਆਂ ਮਿੱਥਾਂ ਨੂੰ ਸਪੱਸ਼ਟ ਕਰਨ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ 'ਸਾਡਾ ਡਾਕਟਰ' ਟੀਮ ਬੁਲਾਈ ਜਾਵੇਗੀ ਤਾਂ ਜੋ ਵੱਖ-ਵੱਖ ਮਾਹਿਰ ਡਾਕਟਰ ਲੋਕਾਂ ਦੇ ਰੂ-ਬ-ਰੂ ਹੋ ਕੇ ਉਨ੍ਹਾਂ ਨੂੰ ਬੀਮਾਰੀਆਂ ਦੇ ਇਲਾਜ ਅਤੇ ਇਨ੍ਹਾਂ ਨਾਲ ਜੁੜੇ ਵਹਿਮਾਂ ਨੂੰ ਸਪੱਸ਼ਟ ਕਰਕੇ ਸ਼ੰਕੇ ਨਿਵਿਰਤ ਕੀਤੇ ਜਾਣ।

ਮੀਟਿੰਗ ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਮਨਾਏ ਗਏ ਸਮਾਗਮ ਅਤੇ ਵੰਡੇ ਗਏ ਲੀਫਲੈਟਾਂ ਬਾਰੇ ਤਸੱਲੀ ਪ੍ਰਗਟ ਕੀਤੀ ਗਈ।

ਮੀਟਿੰਗ ਵਿੱਚ ਵਿਚਾਰਿਆ ਗਿਆ ਕਿ ਵਿਗਿਆਨਕ ਸੋਚ ਸਮੇਂ ਦੀ ਮੁੱਖ ਲੋੜ ਹੈ, ਤਰਕਸ਼ੀਲ ਸੁਸਾਇਟੀ ਇਸ ਦੇ ਪਸਾਰੇ ਲਈ ਯਤਨਸ਼ੀਲ ਹੈ।

ਇਸ ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਮਾਸਟਰ ਗੁਰਜੰਟ ਸਿੰਘ, ਅਮਰੀਕ ਸਿੰਘ ਖੋਖਰ, ਗੁਰਦੀਪ ਸਿੰਘ, ਕਰਮ ਸਿੰਘ, ਮਾਸਟਰ ਰਣਜੀਤ ਸਿੰਘ, ਸੁਖਦੇਵ ਸਿੰਘ ਕਿਸ਼ਨਗੜ੍ਹ, ਸੀਤਾ ਰਾਮ,ਇਕਬਾਲ ਕੌਰ, ਸੁਨੀਤਾ ਰਾਣੀ ਤਰਕਸ਼ੀਲ ਮੈਂਬਰ ਹਾਜ਼ਰ ਸਨ।

## ਸਰਕਾਰੀ ਹਾਈ ਸਕੂਲ ਮੰਡੋਲੀ ਵਿਖੇ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕਤਾ ਗਤੀਵਿਧੀ ਕਰਵਾਈ

### ਖੇਤੀਬਾੜੀ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਪਰਾਲੀ ਨਾ ਸਾੜਨ ਅਤੇ ਵਾਤਾਵਰਣ ਦੀ ਸੰਭਾਲ ਕਰਨ ਲਈ ਕੀਤਾ ਗਿਆ ਜਾਗਰੂਕ

ਵਰਲਡ ਪੰਜਾਬੀ ਟਾਈਮਜ਼





ਪਟਿਆਲਾ, 26 ਅਕਤੂਬਰ : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਖੇਤੀਬਾੜੀ ਅਫ਼ਸਰ ਡਾ. ਰਣਜੋਧ ਸਿੰਘ ਬੈਂਸ ਦੀ ਅਗਵਾਈ ਹੇਠ ਸਰਕਾਰੀ ਹਾਈ ਸਕੂਲ ਮੰਡੋਲੀ ਵਿਖੇ ਪਰਾਲੀ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਖੇਤੀਬਾੜੀ ਵਿਕਾਸ ਅਫ਼ਸਰ ਡਾ. ਅਨੁਰਾਗ ਅੱਤਰੀ ਵੱਲੋਂ ਵਿਦਿਆਰਥੀਆਂ ਨੂੰ ਪਰਾਲੀ ਸਾੜਨ ਨਾਲ ਵਾਤਾਵਰਣ, ਮਨੁੱਖੀ ਸਿਹਤ, ਜ਼ਮੀਨ ਦੀ ਉਪਜਾਊ ਸ਼ਕਤੀ ਅਤੇ ਖੇਤੀਬਾੜੀ ਲਈ ਲਾਹੇਵੰਦ ਜੀਵਾਂ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਡਾ. ਅਨੁਰਾਗ ਅੱਤਰੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਹਵਾ ਪ੍ਰਦੂਸ਼ਣ ਵਿੱਚ ਵਾਧਾ ਹੁੰਦਾ ਹੈ, ਜਿਸ ਨਾਲ ਸਾਹ ਦੀਆਂ ਬਿਮਾਰੀਆਂ ਸਮੇਤ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਇਸ ਤੋਂ ਇਲਾਵਾ, ਅੱਗ ਲਗਾਉਣ ਨਾਲ ਜ਼ਮੀਨ ਵਿੱਚ ਮੌਜੂਦ ਲਾਭਕਾਰੀ ਸੂਖਮ ਜੀਵਾਂ ਅਤੇ ਮਿੱਤਰ ਕੀੜਿਆਂ ਦਾ ਨੁਕਸਾਨ ਹੁੰਦਾ ਹੈ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਵੀ ਪ੍ਰਭਾਵਿਤ ਹੁੰਦੀ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਖ਼ੁਦ ਪਰਾਲੀ ਨਾ ਸਾੜਨ ਦਾ ਸੰਦੇਸ਼ ਅਪਣਾਉਣ ਅਤੇ ਆਪਣੇ ਮਾਪਿਆਂ, ਰਿਸ਼ਤੇਦਾਰਾਂ ਅਤੇ ਆਲੇ-ਦੁਆਲੇ ਦੇ ਕਿਸਾਨਾਂ ਨੂੰ ਵੀ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਨ ਲਈ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤੀਬਾੜੀ ਮਸ਼ੀਨਰੀ ਦੀ ਮਦਦ ਨਾਲ ਖੇਤਾਂ ਵਿੱਚ ਹੀ ਇਸ ਦਾ ਪ੍ਰਬੰਧਨ ਕਰਨਾ ਚਾਹੀਦਾ ਹੈ, ਤਾਂ ਜੋ ਵਾਤਾਵਰਣ ਦੀ ਸੁਰੱਖਿਆ ਦੇ ਨਾਲ-ਨਾਲ ਮਿੱਟੀ ਦੀ ਸਿਹਤ ਨੂੰ ਵੀ ਬਰਕਰਾਰ ਰੱਖਿਆ ਜਾ ਸਕੇ।

ਇਸ ਮੌਕੇ ਖੇਤੀਬਾੜੀ ਵਿਭਾਗ ਦੇ ਖੇਤੀਬਾੜੀ ਸਬ-ਇੰਸਪੈਕਟਰ ਸ੍ਰੀ ਬਲਜਿੰਦਰ ਸਿੰਘ ਵੀ ਹਾਜ਼ਰ ਸਨ। ਸਕੂਲ ਦੀ ਹੈੱਡਮਿਸਟ੍ਰੈੱਸ ਸ੍ਰੀਮਤੀ ਹਰਮਿੰਦਰ ਕੌਰ ਅਤੇ ਅਧਿਆਪਕ ਸ੍ਰੀ ਜਗਦੀਪ ਸਿੰਘ, ਸ੍ਰੀ ਅਮਿਤ ਸ਼ਰਮਾ, ਸ੍ਰੀਮਤੀ ਗਗਨਜੋਤ ਕੌਰ, ਸ੍ਰੀ ਐਲਬਰਟ, ਸ੍ਰੀਮਤੀ ਜਸਪ੍ਰੀਤ ਕੌਰ ਸਮੇਤ ਹੋਰ ਸਟਾਫ਼ ਮੈਂਬਰਾਂ ਨੇ ਇਸ ਜਾਗਰੂਕਤਾ ਗਤੀਵਿਧੀ ਵਿੱਚ ਸਹਿਯੋਗ ਦਿੱਤਾ।

## ਸੂਰਜ ਦੀ ਜ਼ਾਤ ਨਹੀਂ ਹੁੰਦੀ



ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ

ਸੂਰਜ ਦੀ ਜ਼ਾਤ ਨਹੀਂ ਹੁੰਦੀ ।
ਉਸ ਦੇ ਹੱਥ ਵਿੱਚ,
ਮੋਰਪੰਖ ਸੀ ਪੱਤਰਿਆਂ ਤੇ ਨੱਚਦਾ ।
ਸ਼ਬਦਾਂ ਸੰਗ ਪੈਲਾਂ ਪਾਉਂਦਾ ।
ਇਤਿਹਾਸ ਰਚਦਾ,
ਪਹਿਲੇ ਮਹਾਂਕਾਵਿ ਦਾ
ਸਿਰਜਣਹਾਰ ।
ਕਿਸੇ ਲਈ ਰਿਸ਼ੀ,
ਕਿਸੇ ਵਾਸਤੇ ਮਹਾਂਰਿਸ਼ੀ ।
ਲਿੱਸਿਆਂ ਨਿਤਾਣਿਆਂ ਲਈ,
ਸਗਵਾਂ ਭਗਵਾਨ ਸੀ ਮੁਕਤੀਦਾਤਾ ।
ਸ੍ਵੈਮਾਣ ਦਾ ਉੱਚ ਦੋਮਾਲੜਾ ਬੁਰਜ ।

ਨਾ ਨੀਵਾਂ ਨਾ ਉੱਚਾ,
ਮਨੂ ਸੰਮ੍ਰਿਤੀ ਤੋਂ,
ਬਹੁਤ ਉਚੇਰਾ ਤੇ ਵੱਖਰਾ ।

ਰੌਸ਼ਨ ਪਾਠ ਸੀ ਵਕਤ ਦੇ ਸਫ਼ੇ ਤੇ ।
ਤ੍ਰੈਕਾਲਦਰਸ਼ੀ ਮੱਥਾ ਸੀ,
ਫ਼ੈਲ ਗਿਆ
ਚੌਵੀ ਹਜ਼ਾਰ ਸ਼ਲੋਕਾਂ 'ਚ ।
ਘੋਲ ਕੇ ਸੰਪੂਰਨ ਆਪਾ,
ਇਤਿਹਾਸ ਹੋ ਗਿਆ ।

ਈਸਵੀ ਦੇ ਮੁੱਢਲੇ ਪੰਨਿਆਂ ਤੇ
ਉਸ ਲਕੀਰਾਂ ਨਹੀਂ, ਪੈੜਾਂ ਪਾਈਆਂ ।
ਕਾਲੇ ਅੱਖਰਾਂ ਨੇ ਪੂਰਬ ਨੂੰ
ਪਹਿਲੀ ਵਾਰ
ਭਗਵਾਨ ਵਿਖਾਇਆ ।

ਗਿਆਨ ਸਾਗਰ ਦਾ
ਗੋਤਾਖ਼ੋਰ
ਮਾਣਕਮੋਤੀ
ਲੱਭ ਲੱਭ ਪਰੋਈ ਗਿਆ ।
ਅਜਬ ਰਾਹ ਦਿਸੇਰਾ ।
ਉਸ ਦੇ ਪਾਏ ਪੂਰਨਿਆਂ ਤੇ
ਇਬਾਰਤ ਲਿਖਣੀ
ਖ਼ਾਲਾ ਜੀ ਦਾ ਵਾੜਾ ਨਹੀਂ ।
ਸਰਬ ਧਰਤੀ ਕਾਗਦਿ
ਛੋਟਾ ਪੈ ਗਿਆ ਵਰਕਾ
ਆਦਿ ਕਵੀ ਸਨਮੁੱਖ ਸਮੁੰਦਰ ਸਿਆਹੀ ਦੀ
ਦਵਾਤ ।
ਮੋਰਪੰਖ ਲਿਖਦਾ ਰਿਹਾ
ਵਕਤ ਦੇ ਸਫ਼ਿਆਂ ਤੇ ।
ਅਰਥਾਂ ਦੇ ਅਰਥ ਕਰੀ ਜਾਉ

ਦੋਸਤੋ! ਸੂਰਜ ਨੂੰ ਤੁਸੀਂ
ਦੀਵਾ ਨਹੀਂ ਬਣਾ ਸਕਣਾ ।
ਵਿਸ਼ਵ ਕੀਰਤੀ ਕਾਰਨ ਹੀ
ਸਰਬਦੇਸ਼ੀ ਸਬਕ ਬਣ ਗਿਐ
ਸਰਬਕਾਲ ਸੂਰਜੀ ਮੱਥਾ ।
ਧਰਤੀ ਦੀ ਹਰ ਜ਼ਬਾਨ 'ਚ
ਲਿਸ਼ ਲਿਸ਼ਕੰਦੜਾ ਗਰੰਥ ।

ਸੂਰਜ ਨੂੰ
ਕਿਸੇ ਵੀ ਜ਼ਾਵੀਏ ਤੋਂ ਨਿਹਾਰੋ
ਸੂਰਜ ਹੀ ਰਹਿੰਦਾ ਹੈ
ਨਾ ਡੁੱਬਦਾ ਨਾ ਚੜ੍ਹਦਾ
ਤੁਸੀਂ ਹੀ ਹੇਠ ਉੱਤੇ ਹੁੰਦੇ ਹੋ ।
ਤਪਦੇ ਖਪਦੇ ਮਰ ਚੱਲੇ ਹੋ
ਜਾਣਦਿਆਂ ਇਸਦੀ ਜ਼ਾਤ ।
ਨਿੱਕੇ ਨਾ ਬਣੋ
ਸੂਰਜ ਸੂਰਜ ਹੀ ਹੁੰਦਾ ਹੈ ।
ਇਸ ਦੀ ਜ਼ਾਤ ਨਹੀਂ, ਙਾਤ ਹੁੰਦੀ ਹੈ ।
ਜਿੱਧਰ ਮੂੰਹ ਕਰਦਾ ਹੈ
ਦਿਨ ਚੜ੍ਹਦਾ, ਫੁੱਲ ਖਿੜਦੇ ।
ਰੰਗ ਭਰਦੇ, ਰਾਗ ਛਿੜਦੇ ।
ਪਿੱਠ ਕਰੇ ਤਾਂ ਲੰਮ ਸਲੰਮੀ ਰਾਤ ।

ਇਸ ਨੂੰ ਆਪਣੇ ਜਿੱਡਾ ਨਾ ਕਰੋ
ਲਗਾਤਾਰ ਛਾਂਗ ਛਾਂਗ
ਇਹ ਤੁਹਾਡੀਆਂ
ਲੇਥ ਮਸ਼ੀਨਾਂ ਤੋਂ ਬਹੁਤ ਵੱਡਾ ਹੈ ।
ਇਸ 'ਚ ਮਨ ਮਰਜ਼ੀ ਦੇ ਰੰਗ ਭਰਦਿਆਂ
ਇਸ ਦਾ ਰੰਗ ਨਹੀਂ
ਚਾਨਣਵੰਨਾ ਢੰਗ ਹੁੰਦਾ ਹੈ
ਜਗਣ ਮਘਣ ਵਾਲਾ
ਨੂਰ ਦੇ ਘੁੱਟ ਭਰੋ, ਧਿਆਨ ਧਰੋ ।
ਆਪਣੇ ਵਰਗਾ ਨਿੱਕਾ ਨਾ ਕਰੋ ।
ਰੰਗ, ਜ਼ਾਤ, ਗੋਤ, ਧਰਮ, ਨਸਲ
ਤੋਂ ਬਹੁਤ ਉਚੇਰਾ ਹੈ
ਰਵੀ ਆਦਿ ਕਵੀ ਵਾਲਮੀਕ
ਸੂਰਜ ਦੀ ਜ਼ਾਤ ਪਾਤ ਨਹੀਂ
ਸਰਬ ਕਲਿਆਣੀ ਔਕਾਤ ਹੁੰਦੀ ਹੈ
ਤਾਂ ਹੀ ਉਹਦੇ ਆਉਂਦਿਆਂ
ਪਰਭਾਤ ਹੁੰਦੀ ਹੈ ।

(ਸੂਰਜ=ਮਹਾਂਰਿਸ਼ੀ ਵਾਲਮੀਕ)